# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 02-02-2025**

ਪ੍ਰਧਾਨ ਮੰਤਰੀ ਸ਼੍ਰੀ ਨਰੇਂਦਰ ਮੋਦੀ ਨੇ ਕੇਂਦਰੀ ਬਜਟ ਨੂੰ ਭਾਰਤ ਦੀ ਤਰੱਕੀ ਲਈ ਇਕ ਵੱਡੀ ਤਬਦੀਲੀ ਲਿਆਉਣ ਵਾਲਾ ਦੱਸਦਿਆਂ ਇਸ ਦੀ ਸ਼ਲਾਘਾ ਕੀਤੀ ਏ, ਤੇ ਵਿਕਸਿਤ ਭਾਰਤ ਵੱਲ ਦੇਸ਼ ਦੀ ਯਾਤਰਾ ਦੀ ਰਫਤਾਰ ਵਧਾਉਣ ਵਿੱਚ ਇਸਦੀ ਭੂਮਿਕਾ ਉੱਤੇ ਜ਼ੋਰ ਦਿੱਤਾ ਏ । ਉਨ੍ਹਾਂ ਕਿਹਾ ਕਿ, ਕੇਂਦਰੀ ਬਜਟ AI, ਖਿਡੌਣਿਆਂ ਦੇ ਨਿਰਮਾਣ, ਖੇਤੀਬਾੜੀ, ਜੁੱਤਿਆਂ ਦੇ ਨਿਰਮਾਣ, ਫੂਡ ਪ੍ਰੋਸੈਸਿੰਗ ਤੇ ਗਿਗ ਆਰਥਿਕਤਾ ਸਮੇਤ ਕਈ ਖੇਤਰਾਂ ਵਿਚ ਨਵੀਆਂ ਕਾਢਾਂ, ਉੱਦਮਤਾ ਤੇ ਨਿਰੰਤਰ ਰਹਿਣ ਯੋਗ ਵਿਕਾਸ ਲਈ ਰਾਹ ਪੱਧਰਾ ਕਰਦਾ ਏ । ਪ੍ਰਧਾਨ ਮੰਤਰੀ ਨੇ ਕਿਹਾ ਕਿ ਕੇਂਦਰੀ ਬਜਟ, 140 ਕਰੋੜ ਭਾਰਤੀਆਂ ਦੀਆਂ ਆਸਾਂ –

ਉਮੀਦਾਂ ਨੂੰ ਪੂਰਾ ਕਰਨ ਲਈ ਸਰਕਾਰ ਦੀ ਵਚਨਬੱਧਤਾ ਨੂੰ ਦਰਸਾਉਂਦਾ ਏ। ਬਜਟ ਤੋਂ ਬਾਅਦ ਦੇ ਆਪਣੇ ਸੰਦੇਸ਼ ਵਿੱਚ ਉਨ੍ਹਾਂ ਕਿਹਾ ਕਿ, ਇਹ ਬਜਟ ਭਾਰਤ ਦੀ ਵਿਕਾਸ ਯਾਤਰਾ ਵਿਚ ਇਕ ਅਹਿਮ ਮੀਲ ਪੱਥਰ ਏ। ਸ਼੍ਰੀ ਮੋਦੀ ਨੇ ਕਿਹਾ ਕਿ ਇਹ ਬਜਟ ਹਰ ਭਾਰਤੀ ਦੇ ਸੁਪਨਿਆਂ ਨੂੰ ਪੂਰਾ ਕਰਦਾ ਏ। BYTE

--------------------------------------------------------------

ਰਾਸ਼ਟਰਪਤੀ ਦਰੋਪਦੀ ਮੁਰਮੂ ਤੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਬਸੰਤ ਪੰਚਮੀ ਤੇ ਸਰਸਵਤੀ ਪੂਜਾ ਮੌਕੇ ਦੇਸ਼ ਵਾਸੀਆਂ ਨੂੰ ਵਧਾਈਆਂ ਦਿੱਤੀਆਂ ਨੇ। ਸੋਸ਼ਲ ਮੀਡੀਆ 'ਤੇ ਸਾਂਝੇ ਕੀਤੇ ਇਕ ਸੰਦੇਸ਼ ਵਿਚ, ਰਾਸ਼ਟਰਪਤੀ ਮੁਰਮੂ ਨੇ ਕਾਮਨਾ ਕੀਤੀ ਏ ਕਿ ਸਿੱਖਿਆ ਤੇ ਗਿਆਨ ਨਾਲ ਜੁੜਿਆ ਇਹ ਖੁਸ਼ੀ ਦਾ ਮੌਕਾ ਦੇਸ਼ ਦੇ ਨਾਗਰਿਕਾਂ ਲਈ ਖੁਸ਼ਹਾਲੀ ਤੇ ਬੁੱਧੀ ਲਿਆਵੇ। ਇਸ ਦਿਨ ਦੀ ਮਹੱਤਤਾ 'ਤੇ ਜ਼ੋਰ ਦਿੰਦੇ ਹੋਏ, ਰਾਸ਼ਟਰਪਤੀ ਨੇ ਭਾਰਤ ਨੂੰ ਦੁਨੀਆ ਦੇ ਗਿਆਨ ਕੇਂਦਰ ਵਜੋਂ ਸਥਾਪਿਤ ਕਰਨ ਲਈ

ਪ੍ਰਾਰਥਨਾ ਕੀਤੀ। ਓਧਰ ਸੋਸ਼ਲ ਮੀਡੀਆ ਪੋਸਟ ਵਿਚ ਪ੍ਰਧਾਨ ਮੰਤਰੀ ਮੋਦੀ ਨੇ ਵੀ ਇਸ ਦਿਵਸ ਦੀਆਂ ਵਧਾਈਆਂ ਦਿੱਤੀਆਂ ਨੇ।

---------------------------------------------------------

ਅੰਮ੍ਰਿਤਸਰ ਵਿਖੇ ਬਾਬਾ ਸਾਹਿਬ ਭੀਮ ਰਾਓ ਅੰਬੇਦਕਰ ਦੇ ਬੁੱਤ ਦੀ ਬੇਅਦਬੀ ਮਾਮਲੇ ਸਬੰਧੀ bjp ਦੇ ਰਾਸ਼ਟਰੀ ਪ੍ਰਧਾਨ ਜੇਪੀ ਨੱਡਾ ਵਲੋ ਗਠਿਤ 6 ਮੈਬਰੀ ਟੀਮ ਨੇ ਅੰਮ੍ਰਿਤਸਰ ਵਿਖੇ ਪੂਜਾ ਤੇ ਘਟਨਾ ਸਥਾਨ ਦੀ ਜਾਂਚ ਕੀਤੀ। ਵਫ਼ਦ ਆਪਣੀ ਰਿਪੋਰਟ ਰਾਸ਼ਟਰੀ ਪ੍ਰਧਾਨ ਜੇਪੀ ਨੱਡਾ ਨੂੰ ਸੌਂਪੇਗਾ। ਵਫ਼ਦ ਵਿੱਚ ਰਾਜ ਸਭਾ ਸਾਂਸਦ ਬ੍ਰਿਜ ਲਾਲ, ਅਨੁਸੂਚਿਤ ਜਾਤੀ ਮੋਰਚਾ ਦੇ ਰਾਸ਼ਟਰੀ ਪਰਧਾਨ ਲਾਲ ਸਿੰਘ ਆਰੀਆ ਤੇ ਸਾਬਕਾ ਕੇਂਦਰੀ ਮੰਤਰੀ ਸੋਮ ਪ੍ਰਕਾਸ਼ ਸਮੇਤ 6 ਮੈਂਬਰੀ ਵਫ਼ਦ ਨੇ ਅੱਜ ਅੰਮ੍ਰਿਤਸਰ ਪਹੁੰਚ ਕੇ ਇਸ ਘਟਨਾ ਸਥਾਨ ਦਾ ਜਾਇਜ਼ਾ ਲਿਆ। ਇਸ ਮੌਕੇ ਪੁਲਿਸ ਪ੍ਰਸ਼ਾਸਨ ਵੱਲੋਂ ਵੀ ਸੁਰੱਖਿਆ ਨੂੰ ਲੈ ਕੇ ਪੁਖਤਾ ਪ੍ਰਬੰਧ ਕੀਤੇ ਗਏ।

---------------------------------------------------

ਪੰਜਾਬ ਵਿਜੀਲੈਂਸ ਬਿਊਰੋ ਨੇ ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ (ਪੀ.ਐਸ.ਪੀ.ਸੀ.ਐਲ.) ਹੁਸ਼ਿਆਰਪੁਰ ਦੇ ਡਿਵੀਜ਼ਨ ਰੇਂਜ ਦਫ਼ਤਰ ਵਿਖੇ ਤਾਇਨਾਤ ਡਿਪਟੀ ਚੀਫ਼ ਇੰਜੀਨੀਅਰ ਹਰਮਿੰਦਰ ਸਿੰਘ ਤੇ ਲਾਈਨਮੈਨ ਕੇਵਲ ਸ਼ਰਮਾ ਨੂੰ 50 ਹਜ਼ਾਰ ਰੁਪਏ ਰਿਸ਼ਵਤ ਲੈਂਦੇ ਕਾਬੂ ਕੀਤਾ ਏ। ਇਸ ਸਬੰਧੀ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਉਕਤ ਮੁਲਜ਼ਮਾਂ ਨੂੰ ਪੀ.ਐਸ.ਪੀ.ਸੀ.ਐਲ. ਡਿਵੀਜ਼ਨ ਦਫ਼ਤਰ, ਮੁਕੇਰੀਆਂ ਵਿਖੇ ਤਾਇਨਾਤ ਸੀਨੀਅਰ ਕਾਰਜਕਾਰੀ ਇੰਜੀਨੀਅਰ ਲਖਵੀਰ ਸਿੰਘ ਵਲੋਂ ਦਰਜ ਕਰਵਾਈ ਸ਼ਿਕਾਇਤ ਦੇ ਆਧਾਰ ’ਤੇ ਗ੍ਰਿਫ਼ਤਾਰ ਕੀਤਾ ਗਿਆ ਏ। ਦੋਵਾਂ ਮੁਲਜ਼ਮਾਂ ਵਿਰੁੱਧ ਮੁਕੱਦਮਾ ਦਰਜ ਕਰ ਲਿਆ ਗਿਆ ਏ ਤੇ ਇਸ ਮਾਮਲੇ ਦੀ ਅਗਲੇਰੀ ਜਾਂਚ ਜਾਰੀ ਏ।

---------------------------------------------------

ਪੰਜਾਬ ਦੇ ਬਾਗਬਾਨੀ ਮੰਤਰੀ ਮੋਹਿੰਦਰ ਭਗਤ ਨੇ ਕਿਹਾ ਏ ਕਿ

ਕਣਕ ਤੇ ਝੋਨੇ ਦੇ ਫਸਲੀ ਚੱਕਰ ਵਿਚੋਂ ਬਾਹਰ ਨਿਕਲ ਕੇ ਸਾਨੂੰ ਦੂਜੀਆਂ ਮੁਨਾਫੇਦਾਰ ਫਸਲਾਂ ਵੱਲ ਧਿਆਨ ਦੇਣ ਦੀ ਲੋੜ ਏ ਤਾਂ ਜੋ ਧਰਤੀ ਹੇਠਲੇ ਪਾਣੀ ਦੇ ਡਿੱਗ ਰਹੇ ਪੱਧਰ ਤੇ ਕੁਦਰਤੀ ਸੋਮਿਆਂ ਨੂੰ ਬਚਾਇਆ ਜਾ ਸਕੇ। ਚੰਡੀਗੜ੍ਹ ਵਿਖੇ ਉਹਨਾਂ ਦੱਸਿਆ ਕਿ ਬਾਗ਼ਬਾਨੀ ਵਿਭਾਗ ਸੂਬੇ ਵਿਚ ਬਾਗਬਾਨੀ ਖੇਤਰ ਨੂੰ ਉਤਸ਼ਾਹਿਤ ਕਰਨ ਲਈ ਕਿਸਾਨਾਂ ਨੂੰ ਤਕਨੀਕੀ ਜਾਣਕਾਰੀ ਦੇਣ ਦੇ ਨਾਲ-ਨਾਲ ਵਿਭਾਗ ਵਲੋਂ ਵੱਖ- ਵੱਖ ਯੋਜਨਾਵਾਂ ਰਾਹੀਂ ਕਿਸਾਨਾਂ ਦੀ ਮਦਦ ਕੀਤੀ ਜਾ ਰਹੀ ਏ । ਉਨ੍ਹਾ ਕਿਹਾ ਕਿ ਇਨਾਂ ਯੋਜਨਾਵਾਂ ਦਾ ਵੱਧ ਤੋਂ ਵੱਧ ਲਾਭ ਲੈਣ ਲਈ ਸਬੰਧਤ ਬਾਗਬਾਨੀ ਅਧਿਕਾਰੀ ਜਾਂ ਜ਼ਿਲ੍ਹਾ ਮੁਖੀ ਨਾਲ ਤਾਲਮੇਲ ਕੀਤਾ ਜਾ ਸਕਦਾ ਏ।

---------------------------------------------

ਜਲੰਧਰ ਦਿਹਾਤੀ ਪੁਲਿਸ ਦੇ ਐਸ.ਐਸ.ਪੀ. ਹਰਕਮਲਪ੍ਰੀਤ ਸਿੰਘ ਖੱਖ ਨੇ ਐਲਾਨ ਕੀਤਾ ਏ ਕਿ ਘਾਤਕ ਚਾਇਨਾ ਡੋਰ ਦੀ ਵਿਕਰੀ

ਤੇ ਵਰਤੋਂ ਨੂੰ ਰੋਕਣ ਲਈ ਵਿਸ਼ੇਸ਼ ਪੁਲਿਸ ਟੀਮਾਂ ਜ਼ਿਲ੍ਹੇ ਭਰ ਵਿਚ ਛਾਪੇਮਾਰੀ ਕਰ ਰਹੀਆਂ ਨੇ। ਉਨ੍ਹਾਂ ਕਿਹਾ ਕਿ ਪਾਬੰਦੀ ਦੇ ਬਾਵਜੂਦ, ਕੁਝ ਲੋਕ ਚੀਨੀ ਡੋਰ ਵੇਚਣਾ ਤੇ ਵਰਤੋਂ ਕਰਨਾ ਜਾਰੀ ਰੱਖਦੇ ਹਨ, ਜਿਸ ਨਾਲ ਮਾਸੂਮ ਜਾਨਾਂ ਨੂੰ ਜੋਖਮ ਵਿਚ ਪਾਇਆ ਜਾ ਰਿਹਾ ਏ। ਉਨ੍ਹਾਂ ਕਿਹਾ ਕਿ ਪੁਲਿਸ ਵਲੋਂ ਅਪਰਾਧੀਆਂ ਖਿਲਾਫ, ਕਤਲ ਦੀ ਕੋਸ਼ਿਸ਼ ਸਮੇਤ ਗੈਰ-ਜ਼ਮਾਨਤੀ ਧਾਰਾਵਾਂ ਅਧੀਨ ਮੁੱਕਦਮਾ ਦਰਜ ਕੀਤਾ ਜਾਵੇਗਾ। ਉਹਨਾਂ ਕਿਹਾ ਕਿ ਅਧਿਕਾਰੀਆਂ ਦੀ ਅਗਵਾਈ ਹੇਠ ਵਿਸ਼ੇਸ਼ ਟੀਮਾਂ ਜਲੰਧਰ ਦਿਹਾਤੀ ਦੇ ਸਾਰੇ ਸਬ ਡਿਵੀਜ਼ਨਾਂ ਵਿੱਚ ਬਾਜ਼ਾਰਾਂ ਤੇ ਪਤੰਗਬਾਜ਼ੀ ਵਾਲੇ ਖੇਤਰਾਂ ਵਿੱਚ ਗਸ਼ਤ ਕਰਨਗੀਆਂ।

-----------------------------------------------

ਸੂਬਾ ਇਕਾਈ ਜਗਤ ਪੰਜਾਬੀ ਸਭਾ ਤੇ ਜ਼ਿਲ੍ਹਾ ਪ੍ਰਸ਼ਾਸਨ ਗੁਰਦਾਸਪੁਰ ਦੇ ਵੱਲੋਂ ਸੇਂਟ ਵਾਰੀਅਰਜ਼ ਸਕੂਲ ਕਾਦੀਆਂ ਵਿਖੇ, ਰਾਜ-ਪੱਧਰੀ ਸਾਹਿਤਕ ਸੰਮੇਲਨ ਤੇ ਸਨਮਾਨ ਸਮਾਰੋਹ

ਕਰਵਾਇਆ ਗਿਆ। ਇਸ ਮੌਕੇ ਵੱਖ-ਵੱਖ ਜ਼ਿਲ੍ਹਿਆਂ ਤੋਂ ਲਗਭਗ 80 ਦੇ ਕਰੀਬ ਸਾਹਿਤਕਾਰ, ਕਹਾਣੀਕਾਰ, ਕਵੀ, ਗਾਇਕ, ਫ਼ਿਲਮੀ ਕਲਾਕਾਰ ਤੇ ਪੰਜਾਬ ਸਰਕਾਰ ਵਲੋਂ ਸਟੇਟ ਅਵਾਰਡ ਨਾਲ਼ ਸਨਮਾਨਿਤ 12 ਸ਼ਖ਼ਸੀਅਤਾਂ ਨੇ ਹਾਜ਼ਰੀ ਭਰੀ । ਸਟੇਟ ਫੂਡ ਕਮਿਸ਼ਨ ਦੇ ਚੇਅਰਮੈਨ ਬਾਲ ਮੁਕੰਦ ਸ਼ਰਮਾ, ਗੁਰਦਾਸਪੁਰ ਦੇ ਡਿਪਟੀ ਕਮਿਸ਼ਨਰ ਉਮਾ ਸ਼ੰਕਰ ਗੁਪਤਾ, ਵਧੀਕ ਡਿਪਟੀ ਕਮਿਸ਼ਨਰ ਡਾ. ਹਰਜਿੰਦਰ ਸਿੰਘ ਬੇਦੀ ਨੇ ਸ਼ਖਸੀਅਤਾਂ ਨੂੰ ਸਨਮਾਨਿਤ ਕੀਤਾ।

-----------------------------------------------------------

ਭਾਰਤੀ ਕ੍ਰਿਕਟਰ ਤੇ ਭਾਰਤ ਰਤਨ ਸਚਿਨ ਤੇਂਦੁਲਕਰ ਨੂੰ ਮੁੰਬਈ ਵਿਖੇ, ਭਾਰਤੀ ਕ੍ਰਿਕਟ ਕੰਟਰੋਲ ਬੋਰਡ (BCCI) ਵੱਲੋਂ ਨਮਨ ਅਵਾਰਡ 2025 ਦੌਰਾਨ ਕਰਨਲ ਸੀ.ਕੇ. ਨਾਇਡੂ ਲਾਈਫਟਾਈਮ ਅਚੀਵਮੈਂਟ ਅਵਾਰਡ ਨਾਲ ਸਨਮਾਨਿਤ ਕੀਤਾ

ਗਿਆ ਏ। ਸ਼੍ਰੀ ਤੇਂਦੁਲਕਰ ਨੂੰ ਆਈ. ਸੀ. ਸੀ. ਚੇਅਰਮੈਨ ਜੈ ਸ਼ਾਹ ਨੇ ਦੋ ਦਹਾਕਿਆਂ ਤੋਂ ਭਾਰਤੀ ਕ੍ਰਿਕਟ ਵਿਚ ਉਨ੍ਹਾਂ ਦੇ ਬੇਮਿਸਾਲ ਯੋਗਦਾਨ ਲਈ ਸਨਮਾਨਿਤ ਕੀਤਾ।